# ਅੱਜ ਦੇ ਦਿਨ (ਮਿਤੀ 21 ਦਸੰਬਰ, 2024) ਦਾ ਇਤਿਹਾਸ

# ਨਿੱਕੀਆਂ ਜ਼ਿੰਦਾਂ ਵੱਡਾ ਸਾਕਾ

## ਗੌਰਵਮਈ ਸ਼ਹੀਦੀ ਸਾਕੇ ਦਾ ਦੂਜਾ ਦਿਨ (7 ਪੋਹ 1704)

ਅੱਜ ਦੇ ਦਿਨ 7 ਪੋਹ ਸੰਮਤ 1761 ਬਿਕਰਮੀ (1704 ਈਸਵੀ) ਨੂੰ, ਸਿੱਖਾਂ ਅਤੇ ਜ਼ਾਲਮ ਹਾਕਮਾਂ (ਮੁਗਲ ਸਰਕਾਰ ਅਤੇ ਹਿੰਦੂ ਪਹਾੜੀ ਰਾਜਿਆਂ ਦੀਆਂ ਸਾਂਝੀਆਂ ਫ਼ੌਜਾਂ) ਵਿਚਕਾਰ ਭਿਆਨਕ ਯੁੱਧ ਹੋਇਆ। ਇਸ ਯੁੱਧ ਦੌਰਾਨ ਹਨੇਰੀ, ਮੀਂਹ ਅਤੇ ਝੱਖੜ ਝੁੱਲ ਰਹੇ ਸਨ। ਠਾਠਾਂ ਮਾਰਦੀ ਸਰਸਾ ਨਦੀ ਨੂੰ ਪਾਰ ਕਰਦਿਆਂ ਗੁਰੂ ਸਾਹਿਬ ਜੀ ਦਾ ਪਰਿਵਾਰ ਵਿਛੜ ਗਿਆ। ਇਸ ਕਠਿਨ ਸਮੇਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਅੰਮ੍ਰਿਤ ਵੇਲੇ ਸਿੰਘਾਂ ਨੂੰ ਆਸਾ ਦੀ ਵਾਰ ਦਾ ਕੀਰਤਨ ਕਰਨ ਦਾ ਹੁਕਮ ਕੀਤਾ ਅਤੇ ਅਕਾਲ ਪੁਰਖ ਦਾ ਸ਼ੁਕਰਾਨਾ ਕੀਤਾ।

ਮਾਤਾ ਗੁਜਰ ਕੌਰ ਜੀ ਨੇ ਪਰਮਾਤਮਾ ਦਾ ਭਾਣਾ ਮਿੱਠਾ ਕਰਕੇ ਮੰਨਿਆ ਅਤੇ ਛੋਟੇ ਸਾਹਿਬਜ਼ਾਦਿਆਂ (ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫ਼ਤਿਹ ਸਿੰਘ ਜੀ) ਨੂੰ ਨਾਲ ਲੈ ਕੇ ਗੰਗੂ ਬ੍ਰਾਹਮਣ ਨਾਲ ਉਸ ਦੇ ਪਿੰਡ ਖੇੜੀ ਵੱਲ ਨੂੰ ਚੱਲ ਪਏ। ਰਾਹ ਵਿੱਚ ਉਨ੍ਹਾਂ ਅੱਜ ਦੀ ਰਾਤ ਕੁੰਮੇ ਮਾਸ਼ਕੀ ਦੀ ਛੰਨ ਵਿੱਚ ਬਤੀਤ ਕੀਤੀ।

ਮਾਤਾ ਸਾਹਿਬ ਕੌਰ ਜੀ, ਮਾਤਾ ਸੁੰਦਰ ਕੌਰ ਜੀ ਅਤੇ ਭਾਈ ਮਨੀ ਸਿੰਘ ਜੀ ਨੇ ਹੋਰ ਸਿੰਘਾਂ ਸਮੇਤ ਦਿੱਲੀ ਵੱਲ ਨੂੰ ਚਾਲੇ ਪਾ ਦਿੱਤੇ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ, ਪੰਜ ਪਿਆਰੇ, ਵੱਡੇ ਸਾਹਿਬਜ਼ਾਦੇ (ਬਾਬਾ ਅਜੀਤ ਸਿੰਘ ਜੀ, ਬਾਬਾ ਜੁਝਾਰ ਸਿੰਘ ਜੀ) ਚਾਲ਼ੀ ਸਿੰਘਾਂ ਸਮੇਤ ਚਮਕੌਰ

ਸਾਹਿਬ ਇੱਕ ਸ਼ਰਧਾਲੂ ਦੀ ਕੱਚੀ ਹਵੇਲੀ ਵਿੱਚ ਪਹੁੰਚ ਗਏ। ਸਿੰਘਾਂ ਨੇ ਰਾਤੋ-ਰਾਤ ਕੱਚੀ ਹਵੇਲੀ ਨੂੰ ਜੰਗ ਲਈ ਗੜ੍ਹੀ ਦਾ ਰੂਪ ਦੇ ਦਿੱਤਾ।

ਅੱਜ ਦੇ ਇਤਿਹਾਸ ਤੋਂ ਸਾਨੂੰ ਇਹ ਪ੍ਰੇਰਨਾ ਮਿਲਦੀ ਹੈ ਕਿ ਮੁਸੀਬਤਾਂ ਦੇ ਸਮੇਂ ਸਾਨੂੰ ਘਬਰਾਉਣਾ ਨਹੀਂ ਚਾਹੀਦਾ। ਗੁਰਬਾਣੀ ਦਾ ਆਸਰਾ ਲੈ ਕੇ ਪਰਮਾਤਮਾ ਨੂੰ ਅੰਗ-ਸੰਗ ਜਾਣਦਿਆਂ ਸਾਨੂੰ ਹਮੇਸ਼ਾ ਚੜ੍ਹਦੀ ਕਲਾ ਵਿੱਚ ਰਹਿਣਾ ਚਾਹੀਦਾ ਹੈ। ਅੱਜ ਦੇ ਇਤਿਹਾਸ ਨੂੰ ਦਰਸਾਉਂਦਾ ਵੀਡੀਓ **ਆਤਮ ਪਰਗਾਸ ਫੇਸਬੁੱਕ ਪੇਜ** ਤੇ ਦੇਖੋ ਜੀ।

**ਚਲਦਾ...**

---

ਆਤਮ ਪਰਗਾਸ ਵੱਲੋਂ 'ਸਚਿਆਰ ਮਨੁੱਖਾਂ' ਦੀ ਘਾੜਤ ਘੜਨ ਲਈ ਰੋਜ਼ਾਨਾ ਵਿਸ਼ੇਸ਼ ਉਤਸ਼ਾਹਮਈ ਸਬਕ ਸਾਂਝੇ ਕੀਤੇ ਜਾਂਦੇ ਹਨ। ਵਿਦਿਆਰਥੀਆਂ ਨੂੰ ਸਮੇਂ ਦੀ ਸੁਚੱਜੀ ਵਰਤੋਂ ਸਿਖਾਉਣ ਲਈ ਨਵੇਕਲੀ ਸਮਾਂ-ਸਾਰਨੀ ਅਮਲ ਵਿੱਚ ਲਿਆਉਣ ਦੇ ਨਾਲ-ਨਾਲ ਉਨ੍ਹਾਂ ਦੇ ਸਰਬਪੱਖੀ ਵਿਕਾਸ ਲਈ ਵਿਦਵਾਨਾਂ ਦੀ ਉਚੇਚੀ ਟੀਮ ਸੇਵਾਵਾਂ ਪ੍ਰਦਾਨ ਕਰਦੀ ਹੈ। ਇਨ੍ਹਾਂ ਸੇਵਾਵਾਂ ਦਾ ਲਾਹਾ ਲੈਣ ਲਈ ਹੇਠ ਲਿਖੇ ਨੰਬਰਾਂ ਤੇ ਸੰਪਰਕ ਕਰੋ ਜੀ।

**ਆਤਮ ਪਰਗਾਸ ਸਮਾਜ ਭਲਾਈ ਸਭਾ**

99, ਪ੍ਰੀਤ ਵਿਹਾਰ, ਸ਼ਹੀਦ ਕਰਤਾਰ ਸਿੰਘ ਸਰਾਭਾ ਮਾਰਗ, ਲੁਧਿਆਣਾ-142022

+91 82880-10531 / 32 www.atampargas.org

Like Facebook Page Subscribe YouTube Channel